

# ਕਪੂਰਥਲਾ ਅਜੀਤ

ਅਜੀਤ, ਜਲੰਧਰ

ਬੁੱਧਵਾਰ, 29 ਅਕਤੂਬਰ 2025

8






ਅਕਾਲ ਅਕੈਡਮੀ ਇੰਟਰਨੈਸ਼ਨਲ ਦੇ ਬੱਚਿਆਂ ਨੂੰ ਗੁਰਦੁਆਰਾ ਬੇਰ ਸਾਹਿਬ ਦੇ ਦਰਸ਼ਨ ਕਰਵਾਉਣ ਉਪਰੰਤ ਪ੍ਰਿੰਸੀਪਲ ਗਗਨਦੀਪ ਜੱਜ ਤੇ ਸਕੂਲ ਦਾ ਸਟਾਫ਼। ਤਸਵੀਰ. ਲਾਡੀ ਸਟੂਡੀਓ

## ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਉਤਸਵ ਦੇ ਸੰਬੰਧ ਵਿਚ ਅਕਾਲ ਅਕੈਡਮੀ ਇੰਟਰਨੈਸ਼ਨਲ ਦੇ ਬੱਚਿਆਂ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਦਰਸ਼ਨ ਕਰਵਾਏ

ਸੁਲਤਾਨਪੁਰ ਲੋਧੀ, 28 ਅਕਤੂਬਰ (ਨਰੇਸ਼ ਹੈਪੀ)-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਉਤਸਵ ਦੇ ਸੰਬੰਧ ਵਿਚ ਅਕਾਲ ਅਕੈਡਮੀ ਇੰਟਰਨੈਸ਼ਨਲ ਦੇ ਬੱਚਿਆਂ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਦਰਸ਼ਨ ਕਰਵਾਏ ਗਏ। ਸਿੱਖ ਧਰਮ ਦੇ ਮੋਢੀ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਉਤਸਵ ਮੌਕੇ ਉਨ੍ਹਾਂ ਦੇ ਜੀਵਨ,ਗੁਰਬਾਣੀ ਅਤੇ ਵਿਚਾਰਧਾਰਾ ਤੋਂ ਜਾਣੂ ਕਰਵਾਉਣ ਲਈ ਅਕਾਲ ਅਕੈਡਮੀ ਦੇ ਪ੍ਰਿੰਸੀਪਲ ਗਗਨਦੀਪ ਕੌਰ ਵੱਲੋਂ ਸਕੂਲ ਵਿਚ ਸਪੈਸ਼ਲ ਅਸੈਂਬਲੀ ਕਰਵਾਈ ਗਈ। ਗੁਰਪੁਰਬ ਦੇ ਸੰਬੰਧ ਵਿਚ ਦੂਸਰੀ ਕਲਾਸ ਦੇ ਬੱਚਿਆਂ ਨੂੰ ਗੁਰਦੁਆਰਾ ਬੇਰ ਸਾਹਿਬ ਦੇ ਦਰਸ਼ਨ ਕਰਵਾਏ ਗਏ ਅਤੇ ਇੱਥੋਂ ਦੇ ਇਤਿਹਾਸ ਨਾਲ ਜਾਣੂ ਕਰਵਾਇਆ ਗਿਆ। ਬੱਚਿਆਂ ਨੇ ਗੁਰੂ ਘਰ ਵਿਖੇ ਲੰਗਰ ਵੀ ਛਕਿਆ। ਇਸ ਮੌਕੇ ਪ੍ਰਿੰ: ਗਗਨਦੀਪ ਕੌਰ ਜੱਜ ਨੇ ਬੱਚਿਆਂ ਨੂੰ ਦੱਸਿਆ ਕਿ ਸੁਲਤਾਨਪੁਰ ਲੋਧੀ ਨੂੰ ਗੁਰੂ ਦੀ ਨਗਰੀ ਇਸੇ ਕਰਕੇ ਕਿਹਾ ਜਾਂਦਾ ਹੈ, ਕਿਉਂਕਿ ਗੁਰੂ ਨਾਨਕ ਦੇਵ ਜੀ ਨੇ ਆਪਣੇ ਜੀਵਨ ਦਾ ਜ਼ਿਆਦਾ ਸਮਾਂ ਸੁਲਤਾਨਪੁਰ ਲੋਧੀ ਵਿਚ ਰਹਿ ਕੇ ਬਤੀਤ ਕੀਤਾ ਅਤੇ ਸਭ ਨੂੰ ਕਿਰਤ ਕਰਨ, ਨਾਮ ਜਪਣ ਅਤੇ ਵੰਡ ਕੇ ਛਕਣ ਦਾ ਉਪਦੇਸ਼ ਦਿੱਤਾ। ਇਸ ਮੌਕੇ ਬੱਚਿਆਂ ਨਾਲ ਉਨ੍ਹਾਂ ਦੇ ਅਧਿਆਪਕ ਸਰਬਜੀਤ ਕੌਰ ਚਾਹਲ, ਸੋਨੀਆ, ਕੁਲਵਿੰਦਰ ਕੌਰ, ਪੂਜਾ, ਮਮਤਾ, ਸੁਖਵੰਤ ਕੌਰ, ਸੁਮਿਤਾ ਆਦਿ ਹਾਜ਼ਰ ਸਨ।

## ਪਿੰਡ ਮਨਿਆਲਾ ਨੇੜੇ ਨੌਜਵਾਨ ਦੀ ਅਣਪਛਾਤੀ ਲਾਸ਼ ਮਿਲੀ

ਸੁਲਤਾਨਪੁਰ ਲੋਧੀ, 28 ਅਕਤੂਬਰ (ਥਿੰਦ)-ਥਾਣਾ ਸੁਲਤਾਨਪੁਰ ਲੋਧੀ ਦੀ ਪੁਲਸ ਚੌਕੀ ਡੱਲਾ ਅਧੀਨ ਪੈਂਦੇ ਪਿੰਡ ਮਨਿਆਲਾ ਸੜਕ ਤੋਂ ਥੋੜ੍ਹੀ ਦੂਰ ਇਕ ਮੋਟਰ ਨੇੜੇ ਇਕ ਅਣਪਛਾਤੇ ਨੌਜਵਾਨ ਦੀ ਲਾਸ਼ ਮਿਲਣ ਦੀ ਖ਼ਬਰ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੁਲਸ ਚੌਕੀ ਡੱਲਾ ਦੇ ਇੰਚਾਰਜ ਮਲਕੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਨੌਜਵਾਨ ਦੀ ਪਹਿਚਾਣ ਕਰਨ ਲਈ ਉਸ ਦੀ ਲਾਸ਼ ਸਿਵਲ ਹਸਪਤਾਲ ਸੁਲਤਾਨਪੁਰ ਲੋਧੀ ਦੀ ਮੋਰਚਰੀ ਵਿਖੇ 72 ਘੰਟੇ ਲਈ ਰਖਵਾ ਦਿੱਤੀ ਹੈ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜਿਸ ਨੂੰ ਵੀ ਇਸ ਦੀ ਪਹਿਚਾਣ ਹੋਵੇ ਉਹ ਥਾਣਾ ਸੁਲਤਾਨਪੁਰ ਲੋਧੀ ਦੀ ਪੁਲਸ ਜਾਂ ਡੱਲਾ ਪੁਲਸ ਚੌਕੀ ਵਿਖੇ ਸੂਚਨਾ ਦੇਣ। ਉਨ੍ਹਾਂ ਦੱਸਿਆ ਕਿ ਮ੍ਰਿਤਕ ਦੀ ਪਹਿਚਾਣ ਹੋਣ ਤੋਂ ਬਾਅਦ ਅਗਲੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਥਾਣਾ ਸੁਲਤਾਨਪੁਰ ਲੋਧੀ ਦੀ ਐਸ.ਐਚ.ਓ. ਇੰਸਪੈਕਟਰ ਸੋਨਮਦੀਪ ਕੌਰ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।






ਸੰਧੂ ਚੱਠਾ ਸਹਿਕਾਰੀ ਖੇਤੀਬਾੜੀ ਸਭਾ ਵਿਚ ਲਗਾਏ ਗਏ ਕਿਸਾਨ ਜਾਗਰੂਕਤਾ ਕੈਂਪ ਨੂੰ ਸੰਬੋਧਨ ਕਰਦੇ ਹੋਏ ਗੁਰਯਾਦਵਿੰਦਰ ਸਿੰਘ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਕਪੂਰਥਲਾ। ਤਸਵੀਰ ਵਿਚ ਖੇਤੀ ਮਾਹਿਰ ਡਾ. ਜਸਬੀਰ ਸਿੰਘ, ਇੰਸਪੈਕਟਰ ਮਨਮੀਤ ਸਿੰਘ, ਜ਼ਿਲ੍ਹਾ ਮੈਨੇਜਰ ਬਿਕਰਮਜੀਤ ਸਿੰਘ, ਅਭਿਸ਼ੇਕ ਸ਼ਰਮਾ, ਸਭਾ ਦੇ ਸਕੱਤਰ ਗੁਰਦਾਵਰ ਸਿੰਘ ਤੇ ਹੋਰ। ਅਜੀਤ ਤਸਵੀਰ

## ਗਿਆਨ-ਵਿਗਿਆਨ ਦੀ ਸਾਂਝ ਵਧਾ ਕੇ ਤੇ ਖੇਤੀ ਵਿਭਿੰਨਤਾ ਅਪਨਾ ਕੇ ਕਿਸਾਨ ਅਜੋਕੇ ਦੌਰ 'ਚ ਸਫ਼ਲਤਾ ਹਾਸਿਲ ਕਰ ਸਕਦੇ ਹਨ-ਗੁਰਯਾਦਵਿੰਦਰ ਸਿੰਘ

### ਸਹਿਕਾਰੀ ਸਭਾ ਸੰਧੂ ਚੱਠਾ 'ਚ ਲਾਇਆ ਗਿਆ ਕਿਸਾਨ ਜਾਗਰੂਕਤਾ ਕੈਂਪ

ਕਪੂਰਥਲਾ, 28 ਅਕਤੂਬਰ (ਵਿ.ਪ੍ਰ.)-ਗਿਆਨ-ਵਿਗਿਆਨ ਦੀ ਸਾਂਝ ਵਧਾ ਕੇ ਤੇ ਖੇਤੀ ਵਿਭਿੰਨਤਾ ਅਪਨਾ ਕੇ ਕਿਸਾਨ ਅਜੋਕੇ ਦੌਰ ਵਿਚ ਸਫ਼ਲਤਾ ਹਾਸਲ ਕਰ ਸਕਦੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਯਾਦਵਿੰਦਰ ਸਿੰਘ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਕਪੂਰਥਲਾ ਨੇ ਸੰਧੂ ਚੱਠਾ ਸਹਿਕਾਰੀ ਖੇਤੀਬਾੜੀ ਸਭਾ ਵਿਚ ਸਹਿਕਾਰਤਾ ਵਿਭਾਗ ਤੇ ਸੀ.ਆਈ.ਪੀ.ਟੀ. ਵਲੋਂ ਲਗਾਏ ਗਏ ਕਿਸਾਨ ਜਾਗਰੂਕਤਾ ਕੈਂਪ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਮਹਿੰਗਾਈ ਦੇ ਯੁੱਗ ਵਿਚ ਕਿਸਾਨ ਆਪਣੇ ਖ਼ਰਚੇ ਘੱਟ ਕਰਨ ਲਈ ਸਹਿਕਾਰੀ ਸਭਾਵਾਂ ਦੇ ਮੈਂਬਰ ਬਣ ਕੇ ਵੱਖ-ਵੱਖ ਤਰ੍ਹਾਂ ਦੀਆਂ ਸਹੂਲਤਾਂ ਜਿਵੇਂ ਕਿ ਫ਼ਸਲੀ ਕਰਜ਼ਾ, ਖਾਦ ਦਵਾਈ ਦੀ ਖਰੀਦ ਅਤੇ ਖੇਤੀਬਾੜੀ ਨਾਲ ਸਬੰਧਿਤ ਹਰ ਤਰ੍ਹਾਂ ਦੀ ਮਸ਼ੀਨਰੀ ਸਭਾ ਤੋਂ ਬਹੁਤ ਹੀ ਵਾਜਬ ਰੇਟਾਂ 'ਤੇ ਪ੍ਰਾਪਤ ਕਰ ਸਕਦੇ ਹਨ। ਕੈਂਪ ਨੂੰ ਸੰਬੋਧਨ ਕਰਦਿਆਂ ਖੇਤੀਬਾੜੀ ਮਾਹਿਰ ਡਾ. ਜਸਬੀਰ ਸਿੰਘ ਨੇ ਕਿਹਾ ਕਿ ਕਣਕ ਤੇ ਝੋਨੇ ਦੀ ਨਾੜ ਨੂੰ ਖੇਤਾਂ ਵਿਚ ਅੱਗ ਨਾ ਲਗਾ ਕੇ ਕਿਸਾਨ ਵਾਤਾਵਰਣ ਨੂੰ ਪ੍ਰਦੂਸ਼ਿਤ ਰਹਿਤ ਕਰਨ ਵਿਚ ਆਪਣਾ ਯੋਗਦਾਨ ਪਾ ਸਕਦੇ ਹਨ। ਉਨ੍ਹਾਂ ਫ਼ਸਲਾਂ ਦੀ ਰਹਿੰਦ ਖੂੰਹਦ ਨੂੰ ਖੇਤਾਂ ਵਿਚ ਸਾੜਨ ਦੀ ਬਜਾਏ ਮਿੱਟੀ ਵਿਚ ਮਿਲਾਉਣ ਲਈ ਸਭਾਵਾਂ ਵਿਚ ਟ੍ਰੈਕਟਰ, ਮਲਚਰ, ਉਲਟਾਵੇਂ ਹੱਲ, ਹੈਪੀ ਸੀਡਰ, ਸੁਪਰ ਸੀਡਰ ਆਦਿ ਮਸ਼ੀਨਰੀ ਉਪਲਬਧ ਹੈ। ਇਸ ਤੋਂ ਪਹਿਲਾਂ ਕੈਂਪ ਨੂੰ ਸੰਬੋਧਨ ਕਰਦਿਆਂ ਸਹਿਕਾਰੀ ਸਭਾਵਾਂ ਦੇ ਇੰਸਪੈਕਟਰ ਮਨਮੀਤ ਸਿੰਘ, ਜ਼ਿਲ੍ਹਾ ਸਹਿਕਾਰੀ ਯੂਨੀਅਨ ਦੇ ਜ਼ਿਲ੍ਹਾ ਮੈਨੇਜਰ ਬਿਕਰਮਜੀਤ ਸਿੰਘ ਨੇ ਕਿਹਾ ਕਿ ਸਮੇਂ ਦੀ ਲੋੜ ਹੈ ਕਿ ਅਸੀਂ ਆਪਣੇ ਕੁਦਰਤੀ ਸਰੋਤਾਂ ਦੀ ਸਾਂਭ ਸੰਭਾਲ ਵਿਚ ਜ਼ਿੰਮੇਵਾਰੀ ਨਿਭਾਈਏ। ਉਨ੍ਹਾਂ ਕਿਸਾਨਾਂ ਨੂੰ ਵਿਗਿਆਨਕ ਸੋਚ ਦੇ ਧਾਰਨੀ ਬਣ ਕੇ ਖੇਤੀਬਾੜੀ ਤੇ ਯੂਨੀਵਰਸਿਟੀ ਮਾਹਿਰਾਂ ਦੀਆਂ ਸਿਫ਼ਾਰਸ਼ਾਂ ਨੂੰ ਅਮਲੀ ਰੂਪ ਦਈਏ। ਇਸ ਮੌਕੇ ਸੀ.ਆਈ.ਪੀ.ਟੀ. ਦੇ ਖੇਤਰੀ ਸੁਪਰਵਾਈਜ਼ਰ ਅਭਿਸ਼ੇਕ ਸ਼ਰਮਾ, ਫ਼ੀਲਡ ਕੋਰਡ ਸਤਪਾਲ ਸਿੰਘ, ਸਭਾ ਦੇ ਸਕੱਤਰ ਗੁਰਦਾਵਰ ਸਿੰਘ, ਸਭਾ ਦੇ ਸੇਲਜ਼ਮੈਨ ਸੰਤੋਖ ਸਿੰਘ ਤੇ ਪਿੰਡ ਦੇ ਹੋਰ ਸਰਕਰਦਾ ਵਿਅਕਤੀ ਤੇ ਕਿਸਾਨ ਵੱਡੀ ਗਿਣਤੀ ਵਿਚ ਹਾਜ਼ਰ ਸਨ।





ਸਰਪੰਚ ਕਰਨੈਲ ਸਿੰਘ ਫੌਜੀ ਕਾਲੋਨੀ ਅਤੇ ਰਾਜੂ ਘੋਤੜਾ ਦੀਆਂ ਤਸਵੀਰਾਂ।

## ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਵੇ, ਨੌਜਵਾਨ ਹੁੱਲੜਬਾਜ਼ੀ ਤੋਂ ਗੁਰੇਜ਼ ਕਰਨ-ਸਰਪੰਚ ਕਰਨੈਲ ਸਿੰਘ ਫੌਜੀ ਕਾਲੋਨੀ , ਰਾਜੂ ਘੋਤੜਾ

ਸੁਲਤਾਨਪੁਰ ਲੋਧੀ, 28 ਅਕਤੂਬਰ (ਥਿੰਦ)-ਮਨੁੱਖਤਾ ਦੇ ਰਹਿਬਰ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦਾ 556 ਵਾਂ ਪ੍ਰਕਾਸ਼ ਪੁਰਬ ਜਿੱਥੇ ਦੁਨੀਆ ਭਰ ਵਿਚ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਜਾਣਾ ਹੈ ਉੱਥੇ ਹੀ ਗੁਰੂ ਸਾਹਿਬ ਜੀ ਦੇ ਚਰਨ ਛੋਹ ਪ੍ਰਾਪਤ ਧਰਤੀ ਸੁਲਤਾਨਪੁਰ ਲੋਧੀ ਵਿਖੇ ਵੀ ਪ੍ਰਕਾਸ਼ ਪੁਰਬ ਮਨਾਉਣ ਦੀਆਂ ਤਿਆਰੀਆਂ ਕਈ ਦਿਨਾਂ ਤੋਂ ਚੱਲ ਰਹੀਆਂ। ਪ੍ਰਕਾਸ਼ ਪੁਰਬ ਦੀਆਂ ਸੰਗਤਾਂ ਨੂੰ ਵਧਾਈ ਦਿੰਦਿਆਂ ਫੌਜੀ ਕਾਲੋਨੀ ਦੇ ਸਰਪੰਚ ਕਰਨੈਲ ਸਿੰਘ ਅਤੇ ਰਾਜੂ ਘੋਤੜਾ ਯੂ.ਐਸ.ਏ. ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਪ੍ਰਕਾਸ਼ ਪੁਰਬ ਮੌਕੇ ਸ਼ਰਧਾ ਭਾਵਨਾ ਅਤੇ ਉਤਸ਼ਾਹ ਦੇ ਨਾਲ ਗੁਰੂ ਘਰ ਨਤਮਸਤਕ ਹੋਣ। ਉਨ੍ਹਾਂ ਨੇ ਕਿਹਾ ਕਿ ਸਾਨੂੰ ਇਸ ਗੱਲ ਦਾ ਮਾਣ ਹੈ ਕਿ ਅਸੀਂ ਸੁਲਤਾਨਪੁਰ ਦੀ ਪਵਿੱਤਰ ਧਰਤੀ ਤੇ ਜਨਮ ਲਿਆ ਹੈ ਜਿੱਥੇ ਕਿ ਹਰ ਸਾਲ ਲੱਖਾਂ ਦੀ ਗਿਣਤੀ ਵਿਚ ਸੰਗਤਾਂ ਦੇ ਪੈਰ ਪੈਂਦੇ ਹਨ ਅਤੇ ਸਾਨੂੰ ਉਨ੍ਹਾਂ ਦੀ ਸੇਵਾ ਕਰਨ ਦਾ ਮੌਕਾ ਮਿਲਦਾ ਹੈ ਉਨ੍ਹਾਂ ਨੇ ਕਿਹਾ ਕਿ ਕੁੱਝ ਸ਼ਰਾਰਤੀ ਲੋਕ ਜਿਹੜੇ ਵੱਡੇ ਵੱਡੇ ਟਰੈਕਟਰਾਂ ਤੇ ਸਪੀਕਰ , ਬੁਲੇਟ ਮੋਟਰਸਾਈਕਲਾਂ ਦੇ ਪਟਾਕੇ ਅਤੇ ਖੁੱਲੀਆਂ ਜੀਪਾਂ ਵਿਚ ਬੈਠ ਕੇ ਮਾਹੌਲ ਖ਼ਰਾਬ ਕਰਦੇ ਹਨ, ਉਨ੍ਹਾਂ ਨੂੰ ਵੀ ਸੰਗਤਾਂ ਦੀ ਸ਼ਰਧਾ ਦਾ ਖ਼ਿਆਲ ਰੱਖਦਿਆਂ ਅਜਿਹਾ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਸਿੱਖ ਧਰਮ ਵਿਚ ਹੁੱਲੜਬਾਜ਼ੀ ਦੀ ਕੋਈ ਥਾਂ ਨਹੀਂ ਹੈ ਅਤੇ ਨੌਜਵਾਨਾਂ ਨੂੰ ਆਪਣੇ ਧਰਮ ਪ੍ਰਤੀ ਬਣਦੇ ਫ਼ਰਜ਼ਾਂ ਨੂੰ ਨਿਭਾਉਣਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਸੁਲਤਾਨਪੁਰ ਲੋਧੀ ਦੀ ਪਵਿੱਤਰ ਧਰਤੀ ਤੇ ਇਸ ਪਾਵਨ ਮੌਕੇ ਤੇ ਦੇਸ ਵਿਦੇਸ਼ ਤੋਂ ਲੱਖਾਂ ਦੀ ਗਿਣਤੀ ਵਿਚ ਸੰਗਤਾਂ ਨਤਮਸਤਕ ਹੋਣ ਲਈ ਆਉਂਦੀਆਂ ਹਨ। ਇਸ ਲਈ ਸਾਡਾ ਫ਼ਰਜ਼ ਬਣਦਾ ਹੈ ਕਿ ਉਨ੍ਹਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਉਨ੍ਹਾਂ ਦਾ ਦਿਲੋਂ ਸਵਾਗਤ ਕਰੀਏ।

## ਖੇਤਾਂ 'ਚੋਂ ਬਾਲਣ ਚੁੱਕਣ ਨੂੰ ਲੈ ਕੇ ਹੋਈ ਲੜਾਈ ਵਿਚ ਇਕ ਨੌਜਵਾਨ ਜ਼ਖ਼ਮੀ

ਕਪੂਰਥਲਾ, 28 ਅਕਤੂਬਰ (ਅਮਨਜੋਤ ਸਿੰਘ ਵਾਲੀਆ)-ਤਲਵੰਡੀ ਚੌਧਰੀਆਂ ਵਿਖੇ ਨੂੰ ਖੇਤਾਂ ਵਿਚ ਪਏ ਬਾਲਣ ਚੁੱਕਣ ਨੂੰ ਲੈ ਕੇ ਹੋਈ ਲੜਾਈ ਵਿਚ ਇਕ ਨੌਜਵਾਨ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਹਸਪਤਾਲ ਕਪੂਰਥਲਾ ਵਿਖੇ ਜੇਰੇ ਇਲਾਜ ਮਨਜੀਤ ਸਿੰਘ ਪੁੱਤਰ ਮੁਖ਼ਤਿਆਰ ਸਿੰਘ ਵਾਸੀ ਤਲਵੰਡੀ ਚੌਧਰੀਆਂ ਨੇ ਦੱਸਿਆ ਕਿ ਉਨ੍ਹਾਂ ਨੇ ਆਪਣੇ ਖੇਤ ਵਿਚ ਬਾਲਣ ਰੱਖਿਆ ਹੋਇਆ ਹੈ ਤੇ ਉਨ੍ਹਾਂ ਦਾ ਇਕ ਰਿਸ਼ਤੇਦਾਰ ਘਰ ਆ ਕੇ ਉਨ੍ਹਾਂ ਨੂੰ ਬਾਲਣ ਚੁੱਕਣ ਲਈ ਕਹਿਣ ਲੱਗਾ ਤੇ ਇਸ ਗੱਲ ਨੂੰ ਲੈ ਕੇ ਦੋਵਾਂ ਦੀ ਆਪਸ ਵਿਚ ਬਹਿਸ ਹੋ ਗਈ, ਜਿਸ ਦੌਰਾਨ ਉਸ ਨੇ ਮਨਜੀਤ ਸਿੰਘ ਦੇ ਤੇਜ਼ਧਾਰ ਹਥਿਆਰ ਨਾਲ ਹਮਲਾ ਕਰਕੇ ਉਸ ਨੂੰ ਜ਼ਖ਼ਮੀ ਕਰ ਦਿੱਤਾ। ਜਿਸ ਨੂੰ ਪਰਿਵਾਰਕ ਮੈਂਬਰਾਂ ਨੇ ਟਿੱਬਾ ਹਸਪਤਾਲ ਵਿਖੇ ਦਾਖਲ ਕਰਵਾਇਆ, ਜਿੱਥੇ ਡਿਊਟੀ ਡਾਕਟਰ ਵਲੋਂ ਐਮ.ਐਲ.ਆਰ. ਕੱਟ ਕੇ ਸਬੰਧਿਤ ਥਾਣੇ ਨੂੰ ਭੇਜ ਦਿੱਤੀ ਗਈ ਹੈ ਅਤੇ ਹਾਲਤ ਨੂੰ ਗੰਭੀਰ ਦੇਖਦਿਆਂ ਸਿਵਲ ਹਸਪਤਾਲ ਕਪੂਰਥਲਾ ਵਿਖੇ ਰੈਫ਼ਰ ਕਰ ਦਿੱਤਾ ਗਿਆ ਹੈ।



ਸਿਵਲ ਹਸਪਤਾਲ ਵਿਖੇ ਜੇਰੇ ਇਲਾਜ ਜ਼ਖ਼ਮੀ ਨੌਜਵਾਨ ਦੀ ਤਸਵੀਰ।



ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਦੰਦੂਪੁਰ ਦੇ ਵਿਦਿਆਰਥੀਆਂ ਦੁਆਰਾ ਲਗਾਏ ਵਿੱਦਿਅਕ ਟੂਰ ਦਾ ਦ੍ਰਿਸ਼। ਅਜੀਤ ਤਸਵੀਰ

## ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਦੰਦੂਪੁਰ ਦੇ ਵਿਦਿਆਰਥੀਆਂ ਨੇ ਚੰਡੀਗੜ੍ਹ ਦਾ ਵਿੱਦਿਅਕ ਟੂਰ ਲਗਾਇਆ

ਤਲਵੰਡੀ ਚੌਧਰੀਆਂ, 28 ਅਕਤੂਬਰ (ਪਰਸਨ ਲਾਲ ਭੋਲਾ)-ਹਰ ਸਾਲ ਦੀ ਤਰ੍ਹਾਂ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਦੰਦੂਪੁਰ ਦੇ ਵਿਦਿਆਰਥੀਆਂ ਵਿੱਦਿਅਕ ਟੂਰ ਮੁੱਖ ਅਧਿਆਪਕ ਸੁਖਵਿੰਦਰ ਸਿੰਘ ਦੀ ਅਗਵਾਈ ਵਿਚ ਚੰਡੀਗੜ੍ਹ ਦਾ ਵਿੱਦਿਅਕ ਟੂਰ ਲਗਾਇਆ ਗਿਆ। ਜਿਸ ਦੌਰਾਨ ਰਜਵਿੰਦਰ ਕੌਰ, ਮਨਜਿੰਦਰ ਸਿੰਘ, ਪਵਨਦੀਪ ਕੌਰ ਆਦਿ ਅਧਿਆਪਕਾਂ ਦੀ ਦੇਖ ਰੇਖ ਵਿਚ ਚੰਡੀਗੜ੍ਹ ਦੀਆਂ ਵੱਖ-ਵੱਖ ਥਾਵਾਂ ਛੱਤਬੀੜ ਚਿੜੀਆਘਰ, ਰੌਕ ਗਾਰਡਨ, ਸੁਖਨਾ ਝੀਲ ਦੇਖੀ ਤੇ ਸੁਖਨਾ ਝੀਲ ਵਿਚ ਕਿਸ਼ਤੀਆਂ ਦੇ ਝੂਟਿਆਂ ਦਾ ਆਨੰਦ ਵੀ ਮਾਣਿਆ। ਇਸ ਵਿੱਦਿਅਕ ਟੂਰ ਸੰਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਮੁਖੀ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਇਸ ਟੂਰ ਸਕੂਲ ਦੇ ਕੁੱਲ 25 ਬੱਚਿਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਤੇ ਟੂਰ ਦੌਰਾਨ ਰੋਚਕ ਭਰਪੂਰ ਜਾਣਕਾਰੀ ਹਾਸਲ ਕੀਤੀ। ਇਸ ਟੂਰ ਨੂੰ ਸਫ਼ਲ ਬਣਾਉਣ ਲਈ ਬਲਵਿੰਦਰ ਕੌਰ ਆਂਗਣਵਾੜੀ ਵਰਕਰ, ਰਜਵੰਤ ਕੌਰ ਆਂਗਣਵਾੜੀ ਹੈਲਪਰ, ਜਸਵੀਰ ਕੌਰ ਕੁੱਕ ਆਦਿ ਨੇ ਅਹਿਮ ਭੂਮਿਕਾ ਨਿਭਾਈ।



ਪਿੰਡ ਫ਼ਰੀਦ ਸਰਾਏ ਵਿਖੇ ਵੱਖ-ਵੱਖ ਪਾਰਟੀਆਂ ਤੋਂ ਕਾਂਗਰਸ ਪਾਰਟੀ ਵਿਚ ਸ਼ਾਮਿਲ ਹੋਏ ਪਰਿਵਾਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕਰਦੇ ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ, ਲਖਵੀਰ ਲੱਖਾ ਸਾਬਕਾ ਸਰਪੰਚ ਤੇ ਹੋਰ। ਤਸਵੀਰ. ਲਾਡੀ ਸਟੂਡੀਓ

## ਪਿੰਡ ਫ਼ਰੀਦ ਸਰਾਏ ਤੋਂ ਵੱਡੀ ਗਿਣਤੀ ਵਿਚ ਪਰਿਵਾਰ ਕਾਂਗਰਸ ਪਾਰਟੀ ਵਿਚ ਸ਼ਾਮਿਲ

ਸੁਲਤਾਨਪੁਰ ਲੋਧੀ, 28 ਅਕਤੂਬਰ (ਥਿੰਦ)-ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ ਦੀ ਅਗਵਾਈ ਹੇਠ ਪਿੰਡ ਫ਼ਰੀਦ ਸਰਾਏ ਦੇ ਸਾਬਕਾ ਸਰਪੰਚ ਲਖਬੀਰ ਸਿੰਘ ਲੱਖਾ ਦੀ ਪ੍ਰੇਰਨਾ ਨਾਲ ਵੱਡੀ ਗਿਣਤੀ ਵਿਚ ਵੱਖ-ਵੱਖ ਪਾਰਟੀਆਂ ਤੋਂ ਗੁਰਜੰਟ ਸਿੰਘ ਕੰਬੋਜ, ਗੁਰਨਾਮ ਸਿੰਘ, ਕੁਲਦੀਪ ਸਿੰਘ, ਜਸਵੀਰ ਸਿੰਘ ਹੈਪੀ, ਸੁਰਿੰਦਰ ਸੋਢੀ, ਬਲਵੀਰ ਸਿੰਘ, ਗੁਰਨਾਮ ਸਿੰਘ ਛਿੰਦਾ, ਗੁਰਨਾਮ ਬੌਬੀ, ਆਕਾਸ਼, ਅਜੇ ਕੁਮਾਰ ਆਦਿ ਆਪਣੇ ਪਰਿਵਾਰਾਂ ਸਹਿਤ ਕਾਂਗਰਸ ਪਾਰਟੀ ਵਿਚ ਸ਼ਾਮਿਲ ਹੋਏ। ਸ਼ਾਮਿਲ ਹੋਏ ਵਿਅਕਤੀਆਂ ਦਾ ਨਵਤੇਜ ਚੀਮਾ ਨੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਤੇ ਕਿਹਾ ਕਿ ਇਹ ਸਾਰੇ ਪਰਿਵਾਰਾਂ ਨੂੰ ਕਾਂਗਰਸ ਪਾਰਟੀ ਵਿਚ ਪੂਰਾ ਮਾਣ ਸਨਮਾਨ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਪਰਿਵਾਰ ਕਾਂਗਰਸ ਪਾਰਟੀ ਦੀ ਪੂੰਜੀ ਹਨ, ਜਿਨ੍ਹਾਂ ਦੀ ਬਦੌਲਤ ਕਾਂਗਰਸ ਪਾਰਟੀ ਨੇ 2027 ਵਿਚ ਵਿਧਾਨ ਸਭਾ ਚੋਣਾਂ ਮੌਕੇ ਰਿਕਾਰਡ ਬਹੁਮਤ ਹਾਸਿਲ ਕਰਕੇ ਸੱਤਾ ਹਾਸਲ ਕਰਨੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਪੂਰੇ ਦੇਸ਼ ਵਿਚ ਇੱਕ ਅਜਿਹੀ ਧਰਮ ਨਿਰਪੱਖ ਪਾਰਟੀ ਹੈ, ਜਿਸ ਨੇ ਹਰੇਕ ਵਰਗ, ਕੌਮ, ਜਾਤੀ ਨੂੰ ਬਿਨਾਂ ਕਿਸੇ ਭੇਦਭਾਵ ਉੱਚ ਅਹੁਦੇ ਦੇ ਕੇ ਮਾਣ ਸਨਮਾਨ ਦਿੱਤਾ ਹੈ। ਨਵਤੇਜ ਚੀਮਾ ਨੇ ਕਿਹਾ ਕਿ ਪੰਜਾਬ ਵਿਚ ਮੌਜੂਦਾ ਆਮ ਆਦਮੀ ਪਾਰਟੀ ਹਰੇਕ ਪੱਖ ਤੋਂ ਫ਼ੇਲ੍ਹ ਸਾਬਤ ਹੋਈ ਹੈ ਅਤੇ ਹੁਣ ਕੁੱਝ ਹੀ ਸਮਾਂ ਉਸ ਦਾ ਸੱਤਾ ਵਿਚ ਬਾਕੀ ਰਹਿ ਗਿਆ ਹੈ। ਭ੍ਰਿਸ਼ਟਾਚਾਰ, ਗੈਂਗਸਟਰ, ਰਿਸ਼ਵਤ, ਮਹਿੰਗਾਈ, ਕਰਜ਼ਾ ਇਸ ਪਾਰਟੀ ਦੀ ਸਭ ਤੋਂ ਵੱਡੀ ਦੇਣ ਹੈ ਜਿਸ ਦਾ ਪੰਜਾਬ ਦੀ ਜਨਤਾ ਗਿਣ ਗਿਣ ਕੇ 2027 ਦੀਆਂ ਚੋਣਾਂ ਵਿਚ ਹਿਸਾਬ ਲਵੇਗੀ। ਇਸ ਮੌਕੇ ਸਾਬਕਾ ਸਰਪੰਚ ਲਖਬੀਰ ਸਿੰਘ ਲੱਖਾ ਨੇ ਕਿਹਾ ਕਿ ਜੋ ਵਿਕਾਸ ਪਾਵਨ ਨਗਰੀ ਸੁਲਤਾਨਪੁਰ ਲੋਧੀ ਦਾ ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਸਮੇਂ ਹੋਇਆ ਸੀ। ਇਸ ਮੌਕੇ ਨਵਤੇਜ ਸਿੰਘ ਚੀਮਾ ਸਾਬਕਾ ਵਿਧਾਇਕ, ਲਖਬੀਰ ਸਿੰਘ ਲੱਖਾ ਸਾਬਕਾ ਸਰਪੰਚ, ਜਗਪਾਲ ਸਿੰਘ ਚੀਮਾ ਸਾਬਕਾ ਮੀਤ ਪ੍ਰਧਾਨ, ਰਮੇਸ਼ ਡਡਵਿੰਡੀ ਸਾਬਕਾ ਜ਼ਿਲ੍ਹਾ ਪ੍ਰਧਾਨ, ਨਿਰਮਲ ਸਿੰਘ ਨੰਬਰਦਾਰ ਸ਼ੇਖ ਮਾਂਗਾ, ਕੁਲਦੀਪ ਸਿੰਘ ਸਰੂਪਵਾਲ, ਬਲਜਿੰਦਰ ਸਿੰਘ ਪੀਏ, ਜਸਵੀਰ ਸਿੰਘ, ਜੋਬਨ, ਗੁਰਪ੍ਰੀਤ ਗੋਪੀ, ਜਸਕਰਨ ਸਹੋਤਾ, ਜੋਬਨ ਸਹੋਤਾ, ਅਨਮੋਲ ਸਹੋਤਾ, ਗੁਰਪ੍ਰਤਾਪ ਘਾਰੂ, ਅਨਮੋਲ ਚੌਹਾਨ, ਗੌਤਮ, ਰਾਜਵਿੰਦਰ ਰਾਜੂ, ਕ੍ਰਿਸ਼ਨ, ਸੁਖਵੰਤ ਸਿੰਘ ਪਟਵਾਰੀ, ਜਸ਼ਨ ਸਹੋਤਾ, ਆਕਾਸ਼, ਅਮਰਜੀਤ, ਰਾਮ ਲਾਲ, ਰਕੇਸ਼ ਸਾਈਂ, ਤਰਸੇਮ ਸਿੰਘ, ਦਰਸ਼ਨ, ਮਨਜਿੰਦਰ, ਅਵਤਾਰ ਸਿੰਘ, ਮਲਕੀਤ ਆਦਿ ਵੀ ਹਾਜ਼ਰ ਸਨ।

## ਸੰਤ ਸੀਚੇਵਾਲ ਦੇ ਯਤਨਾਂ ਸਦਕਾ ਇਰਾਕ ਵਿਚਲੇ ਨਰਕ ਤੋਂ ਪੰਜਾਬੀ ਕੁੜੀ ਦੀ ਘਰ ਵਾਪਸੀ

### ਸਿਰਫ਼ ਇੱਕ ਵਾਰ ਖਾਣਾ, ਡੰਡੇ ਟੁੱਟਣ ਤੱਕ ਕੁੱਟਮਾਰ, 20 ਤੋਂ ਵੱਧ ਕੁੜੀਆਂ ਅਜੇ ਵੀ ਉੱਥੇ ਕੈਦ

ਸੁਲਤਾਨਪੁਰ ਲੋਧੀ, 28 ਅਕਤੂਬਰ (ਥਿੰਦ, ਨਰੇਸ਼ ਹੈਪੀ)-ਖਾੜੀ ਦੇਸ਼ਾਂ ਵਿਚ ਪੰਜਾਬੀ ਕੁੜੀਆਂ ਨਾਲ ਹੋ ਰਿਹਾ ਸ਼ੋਸ਼ਣ ਰੁਕਣ ਦਾ ਨਾਮ ਨਹੀਂ ਲੈ ਰਿਹਾ। ਮੋਗਾ ਜ਼ਿਲ੍ਹੇ ਦੀ ਇੱਕ ਬੇਟੀ, ਜੋ ਹਾਲ ਹੀ ਵਿਚ ਇਰਾਕ ਦੀ ਦਹਿਸ਼ਤ ਭਰੀ ਜ਼ਿੰਦਗੀ ਵਿਚੋਂ ਬਚ ਕੇ ਵਾਪਸ ਪਰਤੀ ਹੈ, ਨੇ ਆਪਣੀ ਰੂਹ ਕੰਬਾਊ ਹੱਡਬੀਤੀ ਬਿਆਨ ਕੀਤੀ। ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਪਹੁੰਚ ਕੇ ਉਸ ਨੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦਾ ਧੰਨਵਾਦ ਕੀਤਾ, ਜਿਨ੍ਹਾਂ ਦੀ ਕੋਸ਼ਿਸ਼ ਨਾਲ ਉਹ ਸੁਰੱਖਿਅਤ ਤਰੀਕੇ ਨਾਲ ਆਪਣੇ ਪਰਿਵਾਰ ਕੋਲ ਵਾਪਸ ਆ ਸਕੀ। ਪੀੜਤ ਲੜਕੀ ਨੇ ਦੱਸਿਆ ਕਿ ਜਗਰਾਉਂ ਦੇ ਇੱਕ ਟਰੈਵਲ ਏਜੰਟ ਨੇ ਪੇਂਡੂ ਇਲਾਕਿਆਂ ਵਿਚ ਆਪਣਾ ਜਾਲ ਫੈਲਾਇਆ ਹੋਇਆ ਹੈ। ਉਹ ਗ਼ਰੀਬ ਪਰਿਵਾਰਾਂ ਦੀਆਂ ਕੁੜੀਆਂ ਨੂੰ ਵਿਦੇਸ਼ਾਂ ਵਿਚ "ਚੰਗੀ ਨੌਕਰੀ" ਦੇ ਸੁਪਨੇ ਦਿਖਾ ਕੇ ਇਰਾਕ ਭੇਜਦਾ ਹੈ। ਉਸ ਨੇ ਖ਼ੁਲਾਸਾ ਕੀਤਾ ਕਿ ਉਸ ਵਰਗੀਆਂ 20 ਤੋਂ 25 ਕੁੜੀਆਂ ਹਾਲੇ ਵੀ ਉੱਥੇ ਫਸੀਆਂ ਹੋਈਆਂ ਹਨ। ਪੀੜਤਾਂ ਨੇ ਦੱਸਿਆ ਕਿ ਉਹ 8 ਜਨਵਰੀ 2024 ਨੂੰ ਇਰਾਕ ਲਈ ਰਵਾਨਾ ਹੋਈ ਸੀ। ਪਹਿਲਾਂ ਉਸ ਨੂੰ ਦੁਬਈ ਅਤੇ ਫਿਰ ਇਰਾਕ ਲਿਜਾਇਆ ਗਿਆ। ਟਰੈਵਲ ਏਜੰਟ ਨੇ ਸਿਲਾਈ ਦੇ ਕੰਮ, ਹਫ਼ਤੇ ਦੀ ਛੁੱਟੀ ਅਤੇ ਘਰ ਨਾਲ ਗੱਲ ਕਰਨ ਦੀ ਸਹੂਲਤ ਦਾ ਵਾਅਦਾ ਕੀਤਾ ਸੀ, ਪਰ ਉੱਥੇ ਪਹੁੰਚਣ 'ਤੇ ਸਭ ਕੁੱਝ ਉਲਟ ਸੀ। ਉਸ ਨੂੰ ਸਿਲਾਈ ਦੀ ਥਾਂ ਘਰੇਲੂ ਕੰਮ 'ਚ ਭੇਜ ਦਿੱਤਾ ਗਿਆ। ਘਰ ਦੇ ਮਾਲਕ ਨੇ ਉਸ 'ਤੇ ਮਾੜੀ ਨਜ਼ਰ ਰੱਖਣੀ ਸ਼ੁਰੂ ਕਰ ਦਿੱਤੀ। ਪੀੜਤਾਂ ਨੇ ਹਿੰਮਤ ਕਰਦਿਆਂ ਉਸ ਦੀ ਵੀਡੀਓ ਬਣਾਈ ਅਤੇ ਪੁਲੀਸ ਨੂੰ ਸ਼ਿਕਾਇਤ ਕੀਤੀ। ਇਸ ਦੇ ਬਾਅਦ ਟਰੈਵਲ ਏਜੰਟ ਅਤੇ ਉਸ ਦੀ ਘਰਵਾਲੀ ਦੀ ਸ਼ਹਿ 'ਤੇ ਉਸ ਦੀ ਬੇਰਹਿਮੀ ਨਾਲ ਕੁੱਟਮਾਰ ਕੀਤੀ ਗਈ। ਇਸ ਸਾਰੀ ਜ਼ਿਆਦਤੀ ਦਾ ਉਸ 'ਤੇ ਇੰਨਾ ਅਸਰ ਹੋਇਆ ਕਿ ਉਹ ਦੋ ਮਹੀਨਿਆਂ ਤੱਕ ਡਿਪਰੈਸ਼ਨ ਵਿਚ ਰਹੀ। ਉਸ ਨੇ 10 ਅਗਸਤ 2025 ਨੂੰ ਸੋਸ਼ਲ ਮੀਡੀਆ ਰਾਹੀਂ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨਾਲ ਸੰਪਰਕ ਕੀਤਾ। ਸੰਤ ਸੀਚੇਵਾਲ ਨੇ ਤੁਰੰਤ ਕਾਰਵਾਈ ਕੀਤੀ ਅਤੇ 28 ਸਤੰਬਰ ਨੂੰ ਉਹ ਸੁਰੱਖਿਅਤ ਤਰੀਕੇ ਨਾਲ ਪੰਜਾਬ ਵਾਪਸ ਆ ਗਈ। ਵਾਪਸੀ ਤੋਂ ਬਾਅਦ ਵੀ ਉਹ ਪੂਰੇ ਮਹੀਨੇ ਤੱਕ ਸਦਮੇ ਵਿਚ ਰਹੀ। ਉਸ ਨੇ ਕਿਹਾ ਕਿ ਇਰਾਕ ਵਿਚ ਗੁਜ਼ਾਰੇ ਉਹ ਦਿਨ ਕਦੇ ਵੀ ਭੁੱਲੇ ਨਹੀਂ ਜਾ ਸਕਦੇ। ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਇਹ ਬੇਟੀ ਹਿੰਮਤ ਦੀ ਮਿਸਾਲ ਹੈ, ਜਿਸ ਨੇ ਆਪਣੇ ਹੱਕਾਂ ਲਈ ਖ਼ੁਦ ਲੜਾਈ ਲੜੀ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿਚ ਫਸੀਆਂ ਹੋਰ ਕੁੜੀਆਂ ਨੂੰ ਵੀ ਹਿੰਮਤ ਕਰਨੀ ਚਾਹੀਦੀ ਹੈ ਅਤੇ ਆਪਣੀ ਆਵਾਜ਼ ਉਠਾਉਣੀ ਚਾਹੀਦੀ ਹੈ। ਕਿਉਂਕਿ ਇਹ ਜਾਲ ਪੇਂਡੂ ਇਲਾਕਿਆਂ ਵਿਚ ਖ਼ਤਰਨਾਕ ਤਰੀਕੇ ਨਾਲ ਫੈਲ ਚੁੱਕਾ ਹੈ ਅਤੇ ਗ਼ਰੀਬ ਪਰਿਵਾਰਾਂ ਦੀਆਂ ਬੇਟੀਆਂ ਨੂੰ ਨਰਕ ਵੱਲ ਧੱਕ ਰਿਹਾ ਹੈ। ਸੰਤ ਸੀਚੇਵਾਲ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਵਿਦੇਸ਼ੀ ਰੁਜ਼ਗਾਰ ਦੇ ਨਾਮ 'ਤੇ ਚੱਲ ਰਹੇ ਅਜਿਹੇ ਟਰੈਵਲ ਰੈਕਟਾਂ 'ਤੇ ਤੁਰੰਤ ਰੋਕ ਲਗਾਈ ਜਾਵੇ ਕਿਉਂਕਿ ਜਿੰਨੀਆਂ ਵੀ ਲੜਕੀਆਂ ਵਾਪਸ ਆਈਆਂ ਹਨ, ਉਨ੍ਹਾਂ ਖ਼ੁਲਾਸਾ ਕੀਤਾ ਹੈ ਕਿ ਉੱਥੇ ਅਜੇ ਹੋਰ ਵੀ ਲੜਕੀਆਂ ਫਸੀਆਂ ਹਨ। ਜਿਸਤੋਂ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਇਹ ਰੈਕਟ ਕਿਸ ਪੱਧਰ ਤੇ ਸਰਗਰਮ ਹੈ।



ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਇਰਾਕ ਤੋਂ ਪਰਤੀ ਲੜਕੀ ਨਾਲ ਗੱਲਬਾਤ ਕਰਦੇ ਹੋਏ। ਤਸਵੀਰ. ਲਾਡੀ ਸਟੂਡੀਓ



ਕੌਮੀ ਐਥਲੈਟਿਕਸ ਚੈਂਪੀਅਨਸ਼ਿਪ ਲਈ ਚੁਣੇ ਗਏ ਆਨੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀ ਸੁਸ਼ਾਂਤ ਸ਼ਰਮਾ ਸਕੂਲ ਦੇ ਪ੍ਰਿੰਸੀਪਲ ਡਾ. ਅਰਵਿੰਦਰ ਸਿੰਘ ਸੇਖੋਂ, ਉਪ ਪ੍ਰਿੰਸੀਪਲ ਡਾ. ਦੀਪਕ ਅਰੋੜਾ, ਸ੍ਰੀਮਤੀ ਨੰਦਾ ਤੇ ਪ੍ਰਦੀਪ ਕੁਮਾਰ ਨਾਲ। ਤਸਵੀਰ. ਤਿਲਕਰਾਜ

## ਆਨੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਸੁਸ਼ਾਂਤ ਸ਼ਰਮਾ ਦੀ ਕੌਮੀ ਐਥਲੈਟਿਕਸ ਚੈਂਪੀਅਨਸ਼ਿਪ ਲਈ ਚੋਣ

ਕਪੂਰਥਲਾ, 28 ਅਕਤੂਬਰ (ਵਿਸ਼ੇਸ਼ ਪ੍ਰਤੀਨਿਧ)-ਆਨੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕਪੂਰਥਲਾ ਦੇ ਹੋਣਹਾਰ ਵਿਦਿਆਰਥੀ ਸੁਸ਼ਾਂਤ ਸ਼ਰਮਾ ਦੀ ਅੰਡਰ 19 ਉਮਰ ਵਰਗ ਵਿਚ ਕੌਮੀ ਐਥਲੈਟਿਕਸ ਚੈਂਪੀਅਨਸ਼ਿਪ ਲਈ ਚੋਣ ਕੀਤੇ ਜਾਣ 'ਤੇ ਸਕੂਲ ਦੀ ਪ੍ਰਬੰਧਕ ਕਮੇਟੀ ਦੀ ਪ੍ਰਧਾਨ ਵਰਿੰਦਰ ਕੁਮਾਰੀ ਆਨੰਦ, ਮੈਨੇਜਿੰਗ ਡਾਇਰੈਕਟਰ ਵਿਕਰਮ ਆਨੰਦ ਤੇ ਡਾਇਰੈਕਟਰ ਰੁਚੀ ਆਨੰਦ ਨੇ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ। ਇੱਥੇ ਵਰਨਣਯੋਗ ਹੈ ਕਿ ਬੀਤੇ ਦਿਨੀਂ ਜ਼ਿਲ੍ਹਾ ਪੱਧਰੀ ਐਥਲੈਟਿਕਸ ਮੁਕਾਬਲੇ ਵਿਚ ਲੰਬੀ ਛਾਲ ਦੇ ਮੁਕਾਬਲੇ ਵਿਚ ਸੁਸ਼ਾਂਤ ਸ਼ਰਮਾ ਨੇ ਸੋਨੇ ਦਾ ਤਗਮਾ ਜਿੱਤ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਸੀ। ਜਿਸ ਪਿੱਛੋਂ ਉਨ੍ਹਾਂ ਦੀ ਚੋਣ ਕੌਮੀ ਐਥਲੈਟਿਕਸ ਚੈਂਪੀਅਨਸ਼ਿਪ ਲਈ ਕੀਤੀ ਗਈ। ਸਕੂਲ ਦੇ ਪ੍ਰਿੰਸੀਪਲ ਡਾ. ਅਰਵਿੰਦਰ ਸਿੰਘ ਸੇਖੋਂ, ਉਪ ਪ੍ਰਿੰਸੀਪਲ ਡਾ. ਦੀਪਕ ਅਰੋੜਾ ਨੇ ਸੁਸ਼ਾਂਤ ਸ਼ਰਮਾ ਦੀ ਮਿਹਨਤ ਤੇ ਉਨ੍ਹਾਂ ਦੀ ਅਧਿਆਪਕਾ ਸ੍ਰੀਮਤੀ ਨੰਦਾ ਤੇ ਪ੍ਰਦੀਪ ਕੁਮਾਰ ਦੀ ਯੋਗ ਅਗਵਾਈ ਸਦਕਾ ਉਹ ਕੌਮੀ ਐਥਲੈਟਿਕਸ ਚੈਂਪੀਅਨਸ਼ਿਪ ਵਿਚ ਆਪਣਾ ਸਥਾਨ ਹਾਸਲ ਕਰਨ ਵਿਚ ਸਫ਼ਲ ਰਹੇ। ਉਨ੍ਹਾਂ ਕਿਹਾ ਕਿ ਆਨੰਦ ਪਬਲਿਕ ਸਕੂਲ ਦੇ ਵਿਦਿਆਰਥੀ ਪੜ੍ਹਾਈ ਦੇ ਨਾਲ-ਨਾਲ ਖੇਡਾਂ ਤੇ ਹੋਰ ਗਤੀਵਿਧੀਆਂ ਵਿਚ ਵੀ ਸ਼ਾਨਦਾਰ ਪ੍ਰਦਰਸ਼ਨ ਕਰ ਰਹੇ ਹਨ।

## ਸਾਬਕਾ ਮੰਤਰੀ ਜਗਤਾਰ ਸਿੰਘ ਮੁਲਤਾਨੀ ਐਡਵੋਕੇਟ ਨਮਿਤ ਸ਼ਰਧਾਂਜਲੀ ਸਮਾਗਮ ਕਰਵਾਇਆ

### ਵੱਖ-ਵੱਖ ਰਾਜਸੀ, ਸਮਾਜਿਕ ਤੇ ਧਾਰਮਿਕ ਆਗੂਆਂ ਨੇ ਕੀਤੇ ਸ਼ਰਧਾ ਦੇ ਫੁੱਲ ਭੇਟ

ਕਪੂਰਥਲਾ, 28 ਅਕਤੂਬਰ (ਅਮਰਜੀਤ ਸਿੰਘ ਸਡਾਨਾ)-ਡਾ. ਅਮਿਤੋਜ ਸਿੰਘ ਮੁਲਤਾਨੀ ਦੇ ਪਿਤਾ ਸਾਬਕਾ ਮੰਤਰੀ ਤੇ ਸਾਬਕਾ ਸ਼੍ਰੋਮਣੀ ਕਮੇਟੀ ਮੈਂਬਰ ਜਗਤਾਰ ਸਿੰਘ ਮੁਲਤਾਨੀ ਐਡਵੋਕੇਟ, ਜਿਨ੍ਹਾਂ ਦਾ ਬੀਤੇ ਦਿਨੀਂ ਸੰਖੇਪ ਬਿਮਾਰੀ ਉਪਰੰਤ ਦਿਹਾਂਤ ਹੋ ਗਿਆ ਸੀ, ਨਮਿੱਤ ਅੱਜ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਸਥਾਨਕ ਸਟੇਟ ਗੁਰਦੁਆਰਾ ਸਾਹਿਬ ਵਿਖੇ ਕਰਵਾਇਆ ਗਿਆ। ਇਸ ਤੋਂ ਪਹਿਲਾਂ ਉਨ੍ਹਾਂ ਦੇ ਗ੍ਰਹਿ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਤੇ ਅੰਤਿਮ ਅਰਦਾਸ ਮੌਕੇ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਭਾਈ ਅਮਨਦੀਪ ਸਿੰਘ ਨੇ ਵੈਰਾਗਮਈ ਗੁਰਬਾਣੀ ਕੀਰਤਨ ਗਾਇਣ ਕੀਤਾ। ਇਸ ਮੌਕੇ ਪ੍ਰਿੰਸੀਪਲ ਤਰਲੋਕ ਸਿੰਘ, ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ, ਬਾਬਾ ਮੱਖਣ ਸ਼ਾਹ ਲੁਬਾਣਾ ਫਾਉਂਡੇਸ਼ਨ ਚੰਡੀਗੜ੍ਹ ਦੇ ਪ੍ਰਧਾਨ ਭਗਵਾਨ ਸਿੰਘ ਲੁਬਾਣਾ, ਪ੍ਰੋ. ਗੁਰਧਿਆਨ ਸਿੰਘ ਮੁਲਤਾਨੀ, ਸਾਬਕਾ ਮੰਤਰੀ ਸੰਗਤ ਸਿੰਘ ਗਿਲਜੀਆ, ਸਾਬਕਾ ਮੰਤਰੀ ਚੌਧਰੀ ਬਲਬੀਰ ਸਿੰਘ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸਰਬਜੀਤ ਸਿੰਘ ਲੁਬਾਣਾ ਤੇ ਜਗਤ ਗੁਰੂ ਨਾਨਕ ਦੇਵ ਓਪਨ ਯੂਨੀਵਰਸਿਟੀ ਪਟਿਆਲਾ ਤੋਂ ਡਾ. ਵਿਨੋਦ ਨੇ ਸਵ. ਜਗਤਾਰ ਸਿੰਘ ਮੁਲਤਾਨੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਤੇ ਉਨ੍ਹਾਂ ਵਲੋਂ ਆਪਣੇ ਕਾਰਜਕਾਲ ਦੌਰਾਨ ਕੀਤੇ ਗਏ ਲੋਕ ਸੇਵਾ ਤੇ ਵਿਕਾਸ ਕਾਰਜਾਂ ਦੇ ਨਾਲ ਨਾਲ ਧਾਰਮਿਕ ਖੇਤਰ ਵਿਚ ਪਾਏ ਗਏ ਯੋਗਦਾਨ ਦੀ ਸ਼ਲਾਘਾ ਕੀਤੀ ਗਈ। ਸਮਾਗਮ ਦੌਰਾਨ ਸਟੇਜ਼ ਸਕੱਤਰ ਦੀ ਸੇਵਾ ਪ੍ਰੋ. ਗੁਰਨਾਮ ਸਿੰਘ ਵਲੋਂ ਨਿਭਾਈ ਗਈ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਜਥੇ. ਜਰਨੈਲ ਸਿੰਘ ਡੋਗਰਾਂਵਾਲਾ ਨੇ ਸਵ. ਜਗਤਾਰ ਸਿੰਘ ਮੁਲਤਾਨੀ ਦੇ ਸਪੁੱਤਰ ਡਾ. ਅਮਿਤੋਜ ਸਿੰਘ ਮੁਲਤਾਨੀ, ਉਨ੍ਹਾਂ ਦੇ ਦਾਮਾਦ ਹਰਭਜਨ ਸਿੰਘ ਸੇਵਾ ਮੁਕਤ ਏ.ਆਈ.ਜੀ. ਤੇ ਅਮਰਪ੍ਰੀਤ ਸਿੰਘ ਯੂ.ਐਸ.ਏ ਨੂੰ ਗੁਰੂ ਘਰ ਵਲੋਂ ਸਿਰੋਪਾਓ ਭੇਟ ਕੀਤੇ। ਇਸ ਮੌਕੇ ਵੱਖ-ਵੱਖ ਰਾਜਸੀ, ਸਮਾਜਿਕ ਤੇ ਧਾਰਮਿਕ ਸੰਸਥਾਵਾਂ ਵਲੋਂ ਭੇਜੇ ਸ਼ੋਕ ਮਤੇ ਵੀ ਪੜ੍ਹੇ ਗਏ। ਸ਼ਰਧਾਂਜਲੀ ਸਮਾਗਮ ਦੌਰਾਨ ਸਾਬਕਾ ਵਿਧਾਇਕ ਰਾਜਬੰਸ ਕੌਰ ਰਾਣਾ, ਗੁਰਮੇਲ ਸਿੰਘ ਮੁਲਤਾਨੀ, ਮਲਵਿੰਦਰ ਸਿੰਘ ਚਾਹਲ, ਡਾ. ਜੇ.ਐਸ. ਥਿੰਦ, ਡਾ. ਬੀ.ਐਸ. ਮੋਮੀ, ਡਾ. ਪ੍ਰਿੰਸਜੀਤ ਸਿੰਘ ਸਰਗੋਧੀਆ, ਡਾ. ਅਮਨਦੀਪ ਕੌਰ ਸਰਗੋਧੀਆ, ਸ਼ਹਿਰੀ ਕਾਂਗਰਸ ਦੇ ਪ੍ਰਧਾਨ ਦੀਪਕ ਸਲਵਾਨ, ਨਗਰ ਸੁਧਾਰ ਟਰੱਸਟ ਦੇ ਸਾਬਕਾ ਚੇਅਰਮੈਨ ਗੁਰਪਾਲ ਸਿੰਘ ਇੰਡੀਅਨ, ਕੁਲਦੀਪ ਸਿੰਘ, ਵਿਧਾਇਕ ਰਾਣਾ ਗੁਰਜੀਤ ਸਿੰਘ ਦੇ ਨਿੱਜੀ ਸਕੱਤਰ ਮਨਪ੍ਰੀਤ ਸਿੰਘ ਮਾਂਗਟ, ਸਾਬਕਾ ਕੌਂਸਲਰ ਹਰਬੰਸ ਸਿੰਘ ਵਾਲੀਆ, ਗੁਰਭੇਜ ਸਿੰਘ ਔਲਖ, ਮਨਿੰਦਰ ਸਿੰਘ, ਗੁਰਧਿਆਨ ਸਿੰਘ ਮੁਲਤਾਨੀ ਮੁਕੇਰੀਆ, ਸੰਦੀਪ ਸਿੰਘ ਕੌਂਸਲਰ, ਸੇਵਾ ਮੁਕਤ ਐਸ.ਐਸ.ਪੀ. ਜਗਜੀਤ ਸਿੰਘ ਭਗਤਾਨਾ, ਸੇਵਾ ਮੁਕਤ ਆਈ.ਏ.ਐਸ. ਅਧਿਕਾਰੀ ਭਗਤ ਸਿੰਘ, ਤਹਿਸੀਲਦਾਰ ਗੁਰਮੀਤ ਸਿੰਘ ਨਡਾਲਾ, ਬਾਬਾ ਮਹਿੰਦਰ ਸਿੰਘ, ਡੇਰਾ ਬਾਬਾ ਕਰਮ ਸਿੰਘ ਹੋਤੀ ਮਰਦਾਨ ਮਕਸੂਦਪੁਰ, ਡਾ. ਗੁਰਬਚਨ ਸਿੰਘ, ਇੰਸਪੈਕਟਰ ਸੁੱਖਾ ਸਿੰਘ, ਸੇਵਾ ਮੁਕਤ ਏ.ਡੀ.ਸੀ. ਏ.ਐਸ. ਭੁੱਲਰ, ਵਿਕਾਸ ਸ਼ਰਮਾ ਕੌਂਸਲਰ, ਹਰਜੀਤ ਸਿੰਘ ਬਾਜਵਾ, ਡਾ. ਬੀ.ਐਸ. ਔਲਖ, ਰੋਟਰੀ ਕਲੱਬ ਇਲੀਟ ਦੇ ਪ੍ਰਧਾਨ ਅੰਕੁਰ ਵਾਲੀਆ, ਸੁਕੇਸ਼ ਜੋਸ਼ੀ, ਰਾਹੁਲ ਆਨੰਦ, ਜਤਿਨ ਸੂਦ, ਕੰਵਲਪ੍ਰੀਤ ਸਿੰਘ ਕੌੜਾ, ਜਸਬੀਰ ਸਿੰਘ ਨਾਰਵੇ, ਪ੍ਰੋ. ਕੁਲਵੰਤ ਸਿੰਘ ਔਜਲਾ, ਰਤਨ ਸਿੰਘ ਸੰਧੂ, ਨਿਰਮਲ ਸਿੰਘ, ਭਾਈ ਮੋਹਕਮ ਸਿੰਘ, ਕੁਲਵਿੰਦਰ ਸਿੰਘ, ਭਾਈ ਸ਼ੇਰ ਸਿੰਘ, ਹਰਪਾਲ ਸਿੰਘ ਬਾਵਾ, ਸ਼ਿਵਦੇਵ ਸਿੰਘ, ਕਰਨਲ ਸੇਵਾ ਸਿੰਘ ਤੇ ਹੋਰ ਸੰਗਤਾਂ ਹਾਜ਼ਰ ਸਨ।



ਸਾਬਕਾ ਮੰਤਰੀ ਜਗਤਾਰ ਸਿੰਘ ਮੁਲਤਾਨੀ ਦੇ ਸ਼ਰਧਾਂਜਲੀ ਸਮਾਗਮ ਮੌਕੇ ਭਾਈ ਅਮਨਦੀਪ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਦਾ ਜਥਾ ਕੀਰਤਨ ਕਰਦਾ ਹੋਇਆ। (ਹੇਠਾਂ) ਸਮਾਗਮ ਵਿਚ ਸ਼ਾਮਿਲ ਸੰਗਤਾਂ। ਤਸਵੀਰ. ਤਿਲਕਰਾਜ

## ਬਲਾਕ ਪੱਧਰੀ ਸਾਇੰਸ ਡਰਾਮਾ ਮੁਕਾਬਲੇ ਵਿਚ ਸੀਨੀਅਰ ਸੈਕੰਡਰੀ ਸਕੂਲ ਖੀਰਾਂਵਾਲੀ ਪਹਿਲੇ ਸਥਾਨ 'ਤੇ ਰਿਹਾ

### ਸਕੂਲ ਦੀ ਇੰਚਾਰਜ ਪ੍ਰਵੇਸ਼ਕਾ ਤੇ ਹੋਰ ਸਟਾਫ਼ ਨੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਕੀਤੇ ਤਕਸੀਮ

ਕਪੂਰਥਲਾ, 28 ਅਕਤੂਬਰ (ਵਿ.ਪ੍ਰ.)-ਰਾਸ਼ਟਰੀ ਆਵਿਸ਼ਕਾਰ ਅਭਿਆਨ ਅਧੀਨ ਰਾਜ ਵਿੱਦਿਅਕ ਖੋਜ ਤੇ ਸਿਖਲਾਈ ਪ੍ਰੀਸ਼ਦ ਪੰਜਾਬ ਤੇ ਨੈਸ਼ਨਲ ਸਾਇੰਸ ਸੈਂਟਰ ਨਵੀਂ ਦਿੱਲੀ ਦੇ ਸਹਿਯੋਗ ਨਾਲ ਬਲਾਕ ਪੱਧਰੀ ਸਾਇੰਸ ਡਰਾਮਾ ਮੁਕਾਬਲਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੀਰਾਂਵਾਲੀ ਵਿਚ ਕਰਵਾਇਆ ਗਿਆ। ਜਿਸ ਵਿਚ ਵਿਦਿਆਰਥੀਆਂ ਨੇ ਵੱਖ-ਵੱਖ ਸਬ ਥੀਮਾਂ ਤਹਿਤ ਬਹੁਤ ਹੀ ਬਾਖ਼ੂਬੀ ਨਾਲ ਡਰਾਮੇ ਦੀ ਪੇਸ਼ਕਾਰੀ ਕੀਤੀ। ਇਸ ਮੁਕਾਬਲੇ ਵਿਚ ਸਰਕਾਰੀ ਹਾਈ ਸਕੂਲ ਮਹਿਮਦਵਾਲ ਦੇ ਅਧਿਆਪਕ ਹਰਵਿੰਦਰ ਸਿੰਘ ਅੱਲੂਵਾਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਵਾਨੀਪੁਰ ਦੀ ਸਾਇੰਸ ਅਧਿਆਪਕਾ ਪਰਮਿੰਦਰ ਕੌਰ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫੱਤੂਢੀਂਗਾ ਦੀ ਸਾਇੰਸ ਅਧਿਆਪਕਾ ਕਿਰਨਪ੍ਰੀਤ ਕੌਰ ਨੇ ਫ਼ਰਜ਼ ਅਦਾ ਕੀਤੇ। ਸਾਇੰਸ ਡਰਾਮਾ ਮੁਕਾਬਲੇ ਵਿਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੀਰਾਂਵਾਲੀ ਨੇ ਪਹਿਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖਾਲੂ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਜਦਕਿ ਸਰਕਾਰੀ ਮਿਡਲ ਸਕੂਲ ਅਲੌਦੀਪੁਰ ਨੇ ਹੌਸਲਾ ਅਫਜ਼ਾਈ ਇਨਾਮ ਪ੍ਰਾਪਤ ਕੀਤਾ। ਖੀਰਾਂਵਾਲੀ ਸੀਨੀਅਰ ਸੈਕੰਡਰੀ ਸਕੂਲ ਦੀ ਇੰਚਾਰਜ ਸ੍ਰੀਮਤੀ ਪ੍ਰਵੇਸ਼ਕਾ ਤੇ ਹੋਰ ਸਟਾਫ਼ ਮੈਂਬਰਾਂ ਨੇ ਇਸ ਮੁਕਾਬਲੇ ਵਿਚ ਜੇਤੂ ਰਹੇ ਵਿਦਿਆਰਥੀਆਂ ਨੂੰ ਯਾਦਗਾਰੀ ਚਿੰਨ੍ਹ ਤੇ ਸਰਟੀਫਿਕੇਟ ਤਕਸੀਮ ਕੀਤੇ। ਸਮਾਗਮ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਸਾਇੰਸ ਨੂੰ ਆਪਣੇ ਆਮ ਜੀਵਨ ਵਿਚ ਵਰਤੋਂ ਵਿਚ ਲਿਆਉਣ ਦੀ ਸਲਾਹ ਦਿੱਤੀ। ਇਸ ਮੌਕੇ ਸਕੂਲ ਦੇ ਸਟਾਫ਼ ਮੈਂਬਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।




ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੀਰਾਂਵਾਲੀ ਵਿਚ ਬਲਾਕ ਪੱਧਰੀ ਸਾਇੰਸ ਡਰਾਮਾ ਮੁਕਾਬਲੇ ਵਿਚ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੀਰਾਂਵਾਲੀ ਦੀ ਵਿਦਿਆਰਥਣ ਨੂੰ ਯਾਦਗਾਰੀ ਚਿੰਨ੍ਹ ਤੇ ਸਰਟੀਫ਼ਿਕੇਟ ਦਿੰਦੇ ਹੋਏ ਸਕੂਲ ਦੀ ਇੰਚਾਰਜ ਸ੍ਰੀਮਤੀ ਪ੍ਰਵੇਸ਼ਕਾ। ਤਸਵੀਰ ਵਿਚ ਦਵਿੰਦਰ ਸਿੰਘ ਵਾਲੀਆ ਤੇ ਹੋਰ। ਅਜੀਤ ਤਸਵੀਰ